# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :11-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਚੇਨਈ ਪਹੁੰਚੇ - 13 ਹਜ਼ਾਰ ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਕਰਨਗੇ ਉਦਘਾਟਨ।

- ਭਾਰਤ ਨੇ ਸਾਊਦੀ ਅਰਬ ਦੀ ਰਾਜਧਾਨੀ ਰਿਆਧ ਦੇ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੋਏ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ।

- ਪ੍ਰਧਾਨ ਮੰਤਰੀ ਧਨ-ਧਾਨਯ ਕ੍ਰਿਸ਼ੀ ਯੋਜਨਾ ਦਾ ਅੱਜ ਇੱਕ ਸਾਲ ਪੂਰਾ ਹੋ ਗਿਆ ਏ।

- ਦੇਵੀ ਦੁਰਗਾ ਦੀ ਪੂਜਾ ਦਾ ਨੌਂ ਦਿਨਾਂ ਦਾ ਤਿਉਹਾਰ 'ਨਵਰਾਤਰੀ' ਅੱਜ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋਇਆ।

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਤੀਜਾ 20-20 ਅੰਤਰਰਾਸ਼ਟਰੀ ਕ੍ਰਿਕੇਟ ਮੈਚ ਅੱਜ ਇੰਦੌਰ ਵਿੱਚ, ਸ਼ਾਮੀਂ 7 ਵਜੇ ਖੇਡਿਆ ਜਾਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਾਮਿਲਨਾਡੂ ਦੀ ਰਾਜਧਾਨੀ ਚੇਨਈ ਪਹੁੰਚ ਗਏ ਨੇ। ਉਹ ਅੱਜ ਚੇਨਈ ਵਿੱਚ 13 ਹਜ਼ਾਰ  ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਹਵਾਈ ਅੱਡੇ 'ਤੇ ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸਫ਼ ਵਿਜੇ, ਉਨ੍ਹਾਂ ਦੇ ਮੰਤਰੀ ਮੰਡਲ ਸਹਿਯੋਗੀਆਂ, AIADMK ਦੇ ਜਨਰਲ ਸਕੱਤਰ ਅਤੇ ਸਾਬਕਾ ਮੁੱਖ ਮੰਤਰੀ Edappadi Palanisamy ਅਤੇ ਹੋਰ ਨੇਤਾਵਾਂ ਨੇ ਪ੍ਰਧਾਨ ਮੰਤਰੀ ਦਾ ਸਵਾਗਤ ਕੀਤਾ। ਪ੍ਰਧਾਨ ਮੰਤਰੀ ਨੇ ਚੇਨਈ ਵਿੱਚ ਇੱਕ ਰੋਡ-ਸ਼ੋਅ ਕੀਤਾ ਅਤੇ ਪੋਰੂਰ-ਪੂਨਮੱਲੀ ਮੈਟਰੋ ਰੇਲ ਸੇਵਾ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਪ੍ਰਧਾਨ ਮੰਤਰੀ ਨੇ ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸੇਫ ਵਿਜੇ ਨਾਲ ਮੈਟਰੋ ਵਿੱਚ ਸਫ਼ਰ ਵੀ ਕੀਤਾ। ਕਰੀਬ ਪੌਣੇ ਚਾਰ ਕਿਲੋਮੀਟਰ ਲੰਮੇ ਪੂਨਮੱਲੀ-

ਪੋਰੂਰ ਗਲਿਆਰੇ 'ਚ ਬਿਨ੍ਹਾ ਡਰਾਈਵਰ ਦੇ ਡਬਲ-ਡੈਕਰ ਮੈਟਰੋ ਸੰਚਾਲਨ ਲਈ, ਉੱਨਤ ਸਿਗਨਲਿੰਗ ਪ੍ਰਣਾਲੀ ਲਗਾਈ ਗਈ ਏ।

ਪ੍ਰਧਾਨ ਮੰਤਰੀ 750 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਵੀ ਉਦਘਾਟਨ ਕਰਨਗੇ। ਇਨ੍ਹਾਂ ਵਿੱਚ 'ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ' ਤਹਿਤ ਮੁੜ-ਵਿਕਸਤ ਕੀਤੇ ਗਏ, ਪੰਜ ਅੰਮ੍ਰਿਤ ਭਾਰਤ ਸਟੇਸ਼ਨਾਂ ਦਾ ਉਦਘਾਟਨ ਵੀ ਸ਼ਾਮਲ ਏ।

ਸ੍ਰੀ ਮੋਦੀ ਆਈ.ਆਈ.ਟੀ. ਮਦਰਾਸ ਸਥਿਤ ਜਲਕੰਡੇਸ਼ਵਰ ਮੰਦਰ ਵਿੱਚ ਪੂਜਾ-ਅਰਚਨਾ ਕਰਨਗੇ। ਉਹ ਕੈਂਪਸ ਵਿੱਚ ਬਣੇ 'ਸੁਧਾ ਗੋਪਾਲਾਕ੍ਰਿਸ਼ਨਨ ਬ੍ਰੇਨ ਸੈਂਟਰ' ਨੂੰ ਰਾਸ਼ਟਰ ਨੂੰ ਸਮਰਪਿਤ ਕਰਨਗੇ।

---------------------------------------------------

ਭਾਰਤ ਨੇ ਸਾਊਦੀ ਅਰਬ ਦੀ ਰਾਜਧਾਨੀ ਰਿਆਦ ਸਥਿਤ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੋਏ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ। ਇਨ੍ਹਾਂ ਹਮਲਿਆਂ ਵਿੱਚ ਬਹੁਤ ਸਾਰੇ ਲੋਕ ਮਾਰੇ ਗਏ ਨੇ ਅਤੇ ਕਈ ਜ਼ਖ਼ਮੀ ਹੋਏ ਨੇ। ਵਿਦੇਸ਼ ਮੰਤਰਾਲੇ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕੀਤੀ ਏ ਅਤੇ ਜ਼ਖਮੀਆਂ ਦੇ ਛੇਤੀ ਠੀਕ ਹੋਣ ਦੀ ਕਾਮਨਾ ਕੀਤੀ ਏ।

ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਆਮ ਨਾਗਰਿਕਾਂ ਅਤੇ ਨਾਗਰਿਕ ਢਾਂਚਿਆਂ 'ਤੇ ਹਮਲੇ ਅਸਵੀਕਾਰਨਯੋਗ ਨੇ ਅਤੇ ਇਨ੍ਹਾਂ ਨੂੰ ਤੁਰੰਤ ਰੋਕਿਆ ਜਾਣਾ

ਚਾਹੀਦਾ ਏ। ਭਾਰਤ ਨੇ ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਲਈ ਸਾਊਦੀ ਅਰਬ ਦੇ ਲੋਕਾਂ ਅਤੇ ਸਰਕਾਰ ਨਾਲ ਇਕਜੁੱਟਤਾ ਪ੍ਰਗਟਾਈ।

---

ਸੰਯੁਕਤ ਰਾਸ਼ਟਰ ਦੇ ਜਨਰਲ ਸਕੱਤਰ ਐਂਟੋਨੀਓ ਗੁਟੇਰੇਸ ਅਤੇ ਕਈ ਦੇਸ਼ਾਂ ਨੇ ਵੀ ਸਾਊਦੀ ਅਰਬ ਦੇ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੋਏ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ। ਇਨ੍ਹਾਂ ਹਮਲਿਆਂ ਵਿੱਚ 12 ਲੋਕ ਮਾਰੇ ਗਏ ਨੇ ਅਤੇ 309 ਜ਼ਖ਼ਮੀ ਹੋਏ ਨੇ। ਮ੍ਰਿਤਕਾਂ ਵਿੱਚ ਸਾਊਦੀ ਦੇ ਚਾਰ ਨਾਗਰਿਕਾਂ ਤੋਂ ਇਲਾਵਾ ਬੰਗਲਾਦੇਸ਼, ਅਮਰੀਕਾ, ਮਿਸਰ, ਜੌਰਡਨ, ਸੀਰੀਆ, ਫਲਸਤੀਨ ਅਤੇ ਸੂਡਾਨ ਦੇ ਨਾਗਰਿਕ ਸ਼ਾਮਲ ਨੇ।

ਸ੍ਰੀ ਗੁਟੇਰੇਸ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਆਮ ਨਾਗਰਿਕਾਂ ਅਤੇ ਨਾਗਰਿਕ ਬੁਨਿਆਦੀ ਢਾਂਚਿਆਂ 'ਤੇ ਹਮਲੇ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਨੇ ਅਤੇ ਇਨ੍ਹਾਂ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਏ। ਫਲਸਤੀਨ, ਮਿਸਰ ਅਤੇ ਕਤਰ ਨੇ ਸਾਊਦੀ ਅਰਬ ਨਾਲ ਇਕਜੁੱਟਤਾ ਪ੍ਰਗਟਾਈ ਏ।

---

ਕਾਕਰੋਚ ਜਨਤਾ ਪਾਰਟੀ ਦੇ ਆਗੂਆਂ - ਅਭਿਜੀਤ ਦੀਪਕੇ, ਆਸ਼ੂਤੋਸ਼ RANKA ਅਤੇ ਸੌਰਭ ਦਾਸ—ਨੂੰ ਰਿਹਾਅ ਕਰ ਦਿੱਤਾ ਗਿਆ ਏ। ਇਨ੍ਹਾਂ

ਤਿੰਨਾਂ ਨੂੰ ਕੱਲ੍ਹ ਇਹਤਿਆਤ ਵਜੋਂ ਹਿਰਾਸਤ ਵਿੱਚ ਲਿਆ ਗਿਆ ਸੀ। ਨਵੀਂ ਦਿੱਲੀ ਵਿੱਚ ਵਿਸ਼ੇਸ਼ ਕਾਰਜਕਾਰੀ ਮੈਜਿਸਟਰੇਟ ਦੀ ਅਦਾਲਤ ਨੇ ਅੱਜ ਉਨ੍ਹਾਂ ਦੀ ਰਿਹਾਈ ਦੇ ਨਿਰਦੇਸ਼ ਦਿੱਤੇ। ਦਿੱਲੀ ਪੁਲਿਸ ਮੁਤਾਬਕ, ਇਨ੍ਹਾਂ ਤਿੰਨਾਂ ਨੇ ਇੱਕ ਸਾਲ ਤੱਕ ਸ਼ਾਂਤੀ ਅਤੇ ਚੰਗਾ ਵਿਹਾਰ ਬਣਾਈ ਰੱਖਣ ਦਾ ਭਰੋਸਾ ਦਿਵਾਇਆ ਏ ਅਤੇ ਉਨ੍ਹਾਂ ਨੂੰ 50 ਹਜ਼ਾਰ ਰੁਪਏ ਦੇ ਜ਼ਮਾਨਤੀ ਬਾਂਡ 'ਤੇ ਰਿਹਾਅ ਕਰ ਦਿੱਤਾ ਗਿਆ ਏ।

---------------------------------------------------

ਸੁਪਰੀਮ ਕੋਰਟ ਨੇ ਅੱਜ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਸ਼ਾਂਤੀਪੂਰਵਕ ਇਕੱਠੇ ਹੋਣ ਵਾਲੇ ਲੋਕਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਹਿਰਾਸਤ ਵਿੱਚ ਨਾ ਲਿਆ ਜਾਵੇ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਵਾਲੇ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਅਦਾਲਤ ਨੇ ਦਿੱਲੀ ਵਿੱਚ ਬੈਰੀਕੇਡਿੰਗ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਵੀ ਕਿਹਾ ਅਤੇ ਕੇਂਦਰ ਨੂੰ ਹਦਾਇਤ ਕੀਤੀ ਕਿ ਉਹ ਇਹ ਯਕੀਨੀ ਬਣਾਏ ਕਿ ਮੈਟਰੋ ਸੇਵਾਵਾਂ ਆਪਣੇ ਆਮ ਸਮਾਂ-ਸਾਰਣੀ ਅਨੁਸਾਰ ਚੱਲਣ ਅਤੇ ਕਾਨੂੰਨ-ਵਿਵਸਥਾ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਇੰਟਰਨੈੱਟ ਸੇਵਾਵਾਂ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹਿਣ।

---------------------------------------------------

ਉੱਤਰੀ ਰੇਲਵੇ ਨੇ ਐਲਾਨ ਕੀਤਾ ਏ ਕਿ ਅੱਜ ਸਾਰੀਆਂ ਰੇਲਗੱਡੀਆਂ ਆਪੋ ਆਪਣੀ ਨਿਰਧਾਰਤ ਸਮਾਂ-ਸਾਰਣੀ ਮੁਤਾਬਿਕ ਚੱਲਣਗੀਆਂ।

---------------------------------------------------------------

ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ-DMRC ਨੇ ਐਲਾਨ ਕੀਤਾ ਏ ਕਿ ਸੁਰੱਖਿਆ ਕਾਰਨਾਂ ਕਰਕੇ ਬੰਦ ਕੀਤੇ ਗਏ ਸਾਰੇ 45 ਮੈਟਰੋ ਸਟੇਸ਼ਨਾਂ 'ਚ ਦਾਖਲ ਹੋਣ ਤੇ ਬਾਹਰ ਨਿਕਲਣ ਵਾਲੇ ਦਰਵਾਜੇ ਹੁਣ ਦੁਬਾਰਾ ਖੋਲ੍ਹ ਦਿੱਤੇ ਗਏ ਨੇ।

DMRC ਨੇ ਇਹ ਵੀ ਕਿਹਾ ਕਿ ਸਾਰੇ ਸਬੰਧਤ ਮੈਟਰੋ ਸਟੇਸ਼ਨਾਂ 'ਤੇ ਇੰਟਰਚੇਂਜ ਸਹੂਲਤਾਂ ਬਹਾਲ ਕਰ ਦਿੱਤੀਆਂ ਗਈਆਂ ਨੇ।

---------------------------------------------------------------

ਦਿੱਲੀ ਪੁਲਿਸ ਨੇ ਉਸ ਵੀਡੀਓ ਨੂੰ ਗੁੰਮਰਾਹਕੁੰਨ ਦੱਸਿਆ ਏ, ਜਿਸ ਵਿੱਚ ਇੱਕ ਕਥਿਤ ਸਬ-ਇੰਸਪੈਕਟਰ, ਦਿੱਲੀ ਵਿੱਚ ਚੱਲ ਰਹੇ ਵਿਰੋਧ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋਣ ਲਈ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ ਦੀ ਗੱਲ ਕਰ ਰਿਹਾ ਏ। ਦਿੱਲੀ ਪੁਲਿਸ ਨੇ ਕਿਹਾ ਏ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ ਵਿੱਚ ਦਿਖਾਈ ਦੇਣ ਵਾਲਾ ਸਬ-ਇੰਸਪੈਕਟਰ ਦਿੱਲੀ ਪੁਲਿਸ ਦਾ ਨਹੀਂ ਏ। ਪੁਲਿਸ ਨੇ ਕਿਹਾ ਕਿ ਝੂਠੀ ਸਮੱਗਰੀ ਤਿਆਰ

ਕਰਨ ਜਾਂ ਪ੍ਰਸਾਰਿਤ ਕਰਨ ਵਾਲਿਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

--------------------------------------------------------

ਪ੍ਰਧਾਨ ਮੰਤਰੀ ਧਨ-ਧਾਨਯ ਕ੍ਰਿਸ਼ੀ ਯੋਜਨਾ ਨੂੰ ਅੱਜ ਇੱਕ ਸਾਲ ਮੁਕੰਮਲ ਹੋ ਗਿਆ ਏ। ਪਿਛਲੇ ਸਾਲ ਅੱਜ ਦੇ ਦਿਨ ਦੇਸ਼ ਭਰ ਦੇ 100 ਆਸਵੰਦ ਖੇਤੀਬਾੜੀ ਜ਼ਿਲ੍ਹਿਆਂ ਵਿੱਚ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ, ਇਹ ਯੋਜਨਾ 11 ਮੰਤਰਾਲਿਆਂ ਅਤੇ ਵਿਭਾਗਾਂ ਦੀਆਂ 36 ਕੇਂਦਰੀ ਯੋਜਨਾਵਾਂ ਨੂੰ ਆਪਸ ਵਿਚ ਜੋੜਦੀ ਏ । ਇਸ ਤੋਂ ਇਲਾਵਾ, ਹਰੇਕ ਜ਼ਿਲ੍ਹੇ ਦੀਆਂ ਖਾਸ ਖੇਤੀਬਾੜੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸੂਬਾ ਸਰਕਾਰ ਦੀਆਂ ਯੋਜਨਾਵਾਂ ਤੇ ਨਿੱਜੀ ਖੇਤਰ ਦੀ ਭਾਗੀਦਾਰੀ ਨੂੰ ਸ਼ਾਮਲ ਕੀਤਾ ਗਿਆ ਏ।

--------------------------------------------------------

ਦੇਵੀ ਦੁਰਗਾ ਦੀ ਪੂਜਾ ਦਾ ਨੌਂ ਦਿਨਾਂ ਦਾ ਤਿਉਹਾਰ, ਨਵਰਾਤਰੀ, ਅੱਜ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋ ਗਿਆ ਏ। ਇਸ ਤਿਉਹਾਰ ਦੌਰਾਨ, ਦੇਵੀ ਦੁਰਗਾ ਦੇ 9 ਰੂਪਾਂ ਦੀ ਪੂਜਾ ਕੀਤੀ ਜਾਂਦੀ ਏ। ਅੱਜ ਨਵਰਾਤਰੀ ਦੇ ਪਹਿਲੇ ਦਿਨ, ਦੇਵੀ ਦੁਰਗਾ ਦੇ ਸ਼ੈਲਪੁੱਤਰੀ ਰੂਪ ਦੀ ਪੂਜਾ

ਕੀਤੀ ਜਾ ਰਹੀ ਏ। ਦੇਵੀ ਸ਼ੈਲਪੁੱਤਰੀ ਤਾਕਤ, ਸਥਿਰਤਾ ਅਤੇ ਨਵੀਂ ਸ਼ੁਰੂਆਤ ਦਾ ਪ੍ਰਤੀਕ ਨੇ।

ਦੇਵੀ ਦੁਰਗਾ ਦੇ ਨੌਂ ਅਵਤਾਰਾਂ ਨੂੰ ਸਮਰਪਿਤ ਨੌਂ ਦਿਨਾਂ ਦਾ ਇਹ ਤਿਉਹਾਰ, ਪੰਜਾਬ ਸਮੇਤ ਦੇਸ਼ ਭਰ ਦੇ ਮੰਦਿਰਾਂ ਵਿੱਚ ਸਵੇਰ ਦੀ ਆਰਤੀ ਨਾਲ ਸ਼ੁਰੂ ਹੋਇਆ, ਜਿੱਥੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਸ਼ੀਰਵਾਦ ਲੈਣ ਲਈ ਇਕੱਠੇ ਹੋਏ। ਮੰਦਿਰਾਂ ਵਿੱਚ ਹਵਨ ਯੱਗ ਅਤੇ ਧਾਰਮਿਕ ਪ੍ਰੋਗਰਾਮ ਜਾਰੀ ਨੇ। ਇਹ ਤਿਉਹਾਰ ਦੁਸਹਿਰੇ ਦੇ ਨਾਲ ਸੰਪੂਰਨ ਹੋਵੇਗਾ।

---------------------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਨਵਰਾਤਰੀ ਦੇ ਮੌਕੇ ’ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਸੋਸ਼ਲ ਮੀਡੀਆ ’ਤੇ ਇੱਕ ਪੋਸਟ ਰਾਹੀਂ ਉਨ੍ਹਾਂ ਕਾਮਨਾ ਕੀਤੀ ਏ ਕਿ ਮਾਂ ਦੁਰਗਾ ਦਾ ਆਸ਼ੀਰਵਾਦ ਸਾਰਿਆਂ ਨੂੰ ਸ਼ਕਤੀ, ਹੌਸਲਾ ਤੇ ਸਦਬੁੱਧੀ ਪ੍ਰਦਾਨ ਕਰੇ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਰਾਤਿਆਂ ਦੀ ਸ਼ੁਰੂਆਤ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਸੋਸ਼ਲ ਮੀਡੀਆ 'ਤੇ ਪਾਈ ਪੋਸਟ ਵਿੱਚ ਸ੍ਰੀ ਮੋਦੀ ਨੇ ਮਾਂ ਸ਼ੈਲਪੁੱਤਰੀ ਅੱਗੇ ਪ੍ਰਾਥਨਾ ਕੀਤੀ। ਪ੍ਰਧਾਨ

ਮੰਤਰੀ ਨੇ ਤਾਮਿਲ ਭਗਤੀ ਗੀਤ 'ਕਰਪੂਰ ਨਾਈਗਿਏ' ਦਾ ਵੀਡੀਓ ਵੀ ਸਾਂਝਾ ਕੀਤਾ।

ਸ੍ਰੀ ਮੋਦੀ ਨੇ ਆਸ ਪ੍ਰਗਟਾਈ ਕਿ ਦੇਵੀ ਮਾਂ ਦਾ ਆਸ਼ੀਰਵਾਦ ਦੇਸ਼ ਵਾਸੀਆਂ ਵਿੱਚ ਧੀਰਜ ਤੇ ਸਵੈ-ਵਿਸ਼ਵਾਸ ਦੀ ਭਾਵਨਾ ਪੈਦਾ ਕਰਨ ਲਈ ਪ੍ਰੇਰਿਤ ਕਰੇਗਾ।

------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਹਾਰਾਜਾ ਅਗਰਸੇਨ ਦੀ ਜਯੰਤੀ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਸ੍ਰੀ ਮੋਦੀ ਨੇ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਕਿਹਾ ਕਿ ਮਹਾਰਾਜਾ ਅਗਰਸੇਨ, ਲੋਕ ਸੇਵਾ ਅਤੇ ਸਮਾਜਿਕ ਸਦਭਾਵਨਾ ਦੇ ਮੋਢੀ ਸਨ।

------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਜ਼ਾਦੀ ਘੁਲਾਟੀਏ ਲੋਕਨਾਇਕ ਜੈਪ੍ਰਕਾਸ਼ ਨਾਰਾਇਣ ਦੀ ਜਯੰਤੀ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ।

------------------------------------------------------

ਨੇਪਾਲ ਵਿੱਚ ਹੜ੍ਹਾਂ ਦੇ ਮੱਦੇਨਜ਼ਰ, ਬਿਹਾਰ ਦੇ ਸਰਹੱਦੀ ਜ਼ਿਲ੍ਹੇ ਪੱਛਮੀ ਚੰਪਾਰਨ ਵਿੱਚ ਚੌਕਸੀ ਵਧਾ ਦਿੱਤੀ ਗਈ ਏ। ਹਾਲਾਂਕਿ, ਬਿਹਾਰ 'ਤੇ ਇਸ ਵਾਧੇ ਦਾ ਅਸਰ ਨਾਮਾਤਰ ਰਹਿਣ ਦੀ ਉਮੀਦ ਏ। ਜ਼ਿਲ੍ਹਾ ਮੈਜਿਸਟਰੇਟ ਤਰਨਜੋਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਗੰਡਕ ਨਦੀ ਦੇ ਪਾਣੀ ਦੇ ਪੱਧਰ ਵਿੱਚ ਕੋਈ ਵੱਡਾ ਵਾਧਾ ਹੋਣ ਦੀ ਸੰਭਾਵਨਾ ਨਹੀਂ ਏ। ਫਿਰ ਵੀ, ਸਾਵਧਾਨੀ ਵਜੋਂ ਹੇਠਲੇ ਇਲਾਕਿਆਂ ਲਈ ਅਲਰਟ ਜਾਰੀ ਕੀਤਾ ਗਿਆ ਏ।

**BYTE: DM Taranjot singh**

------------------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰਰਾਸ਼ਟਰੀ ਮੈਚ ਅੱਜ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਰਾਂਚੀ ਵਿੱਚ ਦੂਜੇ ਮੈਚ ਵਿੱਚ ਵੈਸਟ ਇੰਡੀਜ਼ ਵਲੋਂ ਭਾਰਤ ਨੂੰ ਛੇ ਵਿਕਟਾਂ ਨਾਲ ਹਰਾਉਣ ਤੋਂ ਬਾਅਦ ਪੰਜ ਮੈਚਾਂ ਦੀ ਲੜੀ 1-1 ਨਾਲ ਬਰਾਬਰ ਏ। ਵੈਸਟ ਇੰਡੀਜ਼ ਨੇ ਭਾਰਤ ਦੇ 250 ਦੌੜਾਂ ਦੇ ਟੀਚੇ ਨੂੰ ਇੱਕ ਓਵਰ ਤੋਂ ਵੱਧ ਸਮਾਂ ਰਹਿੰਦੇ ਪ੍ਰਾਪਤ ਕਰ ਲਿਆ ਸੀ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਚੇਨਈ ਪਹੁੰਚੇ - 13 ਹਜ਼ਾਰ ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਕਰਨਗੇ ਉਦਘਾਟਨ।

- ਭਾਰਤ ਨੇ ਸਾਊਦੀ ਅਰਬ ਦੀ ਰਾਜਧਾਨੀ ਰਿਆਧ ਦੇ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੋਏ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ।

- ਪ੍ਰਧਾਨ ਮੰਤਰੀ ਧਨ-ਧਾਨਯ ਕ੍ਰਿਸ਼ੀ ਯੋਜਨਾ ਦਾ ਅੱਜ ਇੱਕ ਸਾਲ ਪੂਰਾ ਹੋ ਗਿਆ ਏ।

- ਦੇਵੀ ਦੁਰਗਾ ਦੀ ਪੂਜਾ ਦਾ ਨੌਂ ਦਿਨਾਂ ਦਾ ਤਿਉਹਾਰ 'ਨਵਰਾਤਰੀ' ਅੱਜ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋਇਆ।

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਤੀਜਾ 20-20 ਅੰਤਰਰਾਸ਼ਟਰੀ ਕ੍ਰਿਕੇਟ ਮੈਚ ਅੱਜ ਇੰਦੌਰ ਵਿੱਚ, ਸ਼ਾਮੀਂ 7 ਵਜੇ ਖੇਡਿਆ ਜਾਵੇਗਾ।

---

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!